# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 19-05-2025**

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਵਿਕਸਤ ਖੇਤੀਬਾੜੀ ਸੰਕਲਪ ਲਈ ਦੇਸ਼ ਵਿਚ ਇਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਹ ਮੁਹਿੰਮ ਇਸੇ ਮਹੀਨੇ ਦੀ 29 ਤਰੀਕ ਤੋਂ ਸ਼ੁਰੂ ਹੋਵੇਗੀ ਤੇ 12 ਜੂਨ ਤੱਕ ਜਾਰੀ ਰਹੇਗੀ। ਨਵੀਂ ਦਿੱਲੀ ਵਿਚ ਇਕ ਪ੍ਰੈਸ ਕਾਨਫਰੰਸ ਵਿਚ ਬੋਲਦਿਆਂ, ਸ੍ਰੀ ਚੌਹਾਨ ਨੇ ਕਿਹਾ ਕਿ ਇਹ ਮੁਹਿੰਮ ਦੇਸ਼ ਦੇ 723 ਜ਼ਿਲ੍ਹਿਆਂ ਵਿਚ ਸ਼ੁਰੂ ਕੀਤੀ ਜਾਵੇਗੀ ਤੇ ਲਗਭਗ ਡੇਢ ਕਰੋੜ ਕਿਸਾਨਾਂ ਨੂੰ ਇਸ ਦਾ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਗਿਆਨੀਆਂ ਦੀ ਇਕ ਟੀਮ ਲਗਭਗ 65 ਹਜ਼ਾਰ ਪਿੰਡਾਂ ਦਾ ਦੌਰਾ ਕਰੇਗੀ ਅਤੇ ਕਿਸਾਨਾਂ ਨੂੰ ਵਿਗਿਆਨਕ ਖੇਤੀਬਾੜੀ ਬਾਰੇ ਵਿਹਾਰਕ ਜਾਣਕਾਰੀ ਦੇਵੇਗੀ ਅਤੇ ਜ਼ਿਲ੍ਹਾ ਪੱਧਰ 'ਤੇ, ਹਰੇਕ ਟੀਮ ਰੋਜ਼ਾਨਾ ਤਿੰਨ ਮੀਟਿੰਗਾਂ ਕਰੇਗੀ।

---

ਭਾਰਤੀ ਫੌਜ ਨੇ ਉਨ੍ਹਾਂ ਰਿਪੋਰਟਾਂ ਨੂੰ ਰੱਦ ਕਰ ਦਿੱਤਾ ਏ ਜਿਨ੍ਹਾਂ ਵਿਚ ਕਿਹਾ ਜਾ ਰਿਹਾ ਏ ਕਿ ਭਾਰਤ ਤੇ ਪਾਕਿਸਤਾਨ ਦਰਮਿਆਨ ਗੋਲੀਬੰਦੀ 18 ਮਈ ਨੂੰ ਖ਼ਤਮ ਹੋ ਗਈ ਏ। ਫੌਜ ਨੇ ਦੱਸਿਆ ਏ ਕਿ ਦੋਵਾਂ ਦੇਸ਼ਾਂ ਵਿਚਕਾਰ **ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨ** ਪੱਧਰ ਦੀ ਗੱਲਬਾਤ 12 ਮਈ ਨੂੰ ਹੋਈ ਸੀ। ਉਸ ਮੀਟਿੰਗ ਦੌਰਾਨ, ਦੋਵਾਂ ਧਿਰਾਂ ਨੇ ਇਕ-ਦੂਜੇ ਵਿਰੁੱਧ ਇਕ ਵੀ ਗੋਲੀ ਨਾ ਚਲਾਉਣ ਅਤੇ ਕਿਸੇ ਵੀ ਹਮਲਾਵਰ ਕਾਰਵਾਈ ਨਾ ਕਰਨ ਬਾਰੇ ਵਚਨਬੱਧਤਾ ਪ੍ਰਗਟ ਕੀਤੀ ਸੀ। ਉਸ ਮੀਟਿੰਗ ਵਿਚ ਇਹ ਵੀ ਸਹਿਮਤੀ ਬਣੀ ਸੀ ਕਿ ਦੋਵੇਂ ਧਿਰਾਂ ਸਰਹੱਦਾਂ ਅਤੇ ਅਗਲੇਰੇ ਇਲਾਕਿਆਂ ਤੋਂ ਫੌਜਾਂ ਦੀ ਗਿਣਤੀ ਘਟਾਉਣ ਲਈ ਤੁਰੰਤ ਉਪਾਵਾਂ 'ਤੇ ਵਿਚਾਰ ਕਰਨਗੀਆ ਪਰ ਗੋਲੀਬੰਦੀ ਦੀ ਮਿਆਦ 18 ਮਈ ਤੈਅ ਨਹੀਂ ਹੋਈ ਸੀ।

---

‘ਯੁੱਧ ਨਸ਼ਿਆਂ ਵਿਰੁੱਧ’ ਦੇ 78ਵੇਂ ਦਿਨ ਪੰਜਾਬ ਪੁਲਿਸ ਨੇ ਬੀਤੇ ਕੱਲ ’ਆਪ੍ਰੇਸ਼ਨ ਸੀਲ-13’ ਨਾਂ ਹੇਠ ਖਾਸ ਕਰਵਾਈ ਚਲਾਈ, ਜਿਸ ਦਾ

ਮਕਸਦ ਸਰਹੱਦੀ ਸੂਬੇ ਪੰਜਾਬ ਵਿਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਜਾਂਚ ਕਰਨਾ ਸੀ। ਕਾਨੂੰਨ ਤੇ ਵਿਵਸਥਾ ਸਬੰਧੀ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਏ ਕਿ 10 ਜ਼ਿਲ੍ਹਿਆਂ, ਜਿੰਨਾ ਦੀਆਂ ਹੱਦਾਂ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਸਮੇਤ 4 ਸੂਬਿਆਂ ਨਾਲ ਸਾਂਝੀਆਂ ਹਨ, ਦੇ ਲਗਭਗ 92 ਪ੍ਰਵੇਸ਼/ਨਿਕਾਸ ਪੁਆਇੰਟਾਂ ’ਤੇ ਪੁਲਿਸ ਨੇ ਨਾਕੇ ਲਗਾਏ ਸਨ। ਇਸ ਵਿਚ 10 ਅੰਤਰ-ਰਾਜੀ ਸਰਹੱਦੀ ਜ਼ਿਲੇ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐੱਸਏਐੱਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਤੇ ਬਠਿੰਡਾ ਸ਼ਾਮਲ ਸਨ। ਸੂਬੇ ਵਿਚ ਦਾਖਲ ਹੋਣ ਵਾਲੇ ਤੇ ਬਾਹਰ ਜਾਣ ਵਾਲੇ 4,244 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 511 ਦੇ ਚਾਲਾਨ ਕੀਤੇ ਗਏ ਤੇ 39 ਵਾਹਨ ਜ਼ਬਤ ਕੀਤੇ ਗਏ ਨੇ। ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ (ਕਾਸੋ) ਜਾਰੀ ਰੱਖੀ, ਜਿਸ ਦੇ ਤਹਿਤ ਬੀਤੇ ਕੱਲ 490 ਥਾਵਾਂ ’ਤੇ ਛਾਪੇਮਾਰੀ ਕੀਤੀ ਗਈ ਅਤੇ ਸੂਬੇ ਵਿਚ 109 ਮਾਮਲੇ ਦਰਜ ਕਰ ਕੇ 136 ਨਸ਼ਾ ਤਸਕਰਾਂ

ਨੂੰ ਗ੍ਰਿਫ਼ਤਾਰ ਕੀਤਾ ਗਿਆ। 78 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਨਸ਼ਾ ਤਸਕਰਾਂ ਦੀ ਗਿਣਤੀ ਹੁਣ 11,860 ਹੋ ਗਈ ਏ। ਸਪੈਸ਼ਲ ਡੀਜੀਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 11 ਕਿੱਲੋ ਤੋਂ ਵੱਧ ਹੈਰੋਇਨ ਤੇ 3 ਲੱਖ ਰੁਪਏ ਤੋਂ ਵੱਧ ਦੀ ਨਗਦੀ ਬਰਾਮਦ ਕੀਤੀ ਗਈ ਏ।

---------------------------------------------------

ਪੰਜਾਬ ਦੇ ਸਿਹਤ ਵਿਭਾਗ, ਪੁਲਿਸ ਵਿਭਾਗ ਤੇ ਸਹਿਕਾਰਤਾ ਵਿਭਾਗ ਦੇ ਸਹਿਯੋਗ ਨਾਲ ਲੋਕਾਂ ਨੂੰ ਨਸ਼ਿਆਂ ਬਾਰੇ ਜਾਗਰੂਕ ਕਰਨ ਲਈ ਚਲਾਈ **ਜਾਗਰੂਕਤਾ ਲਹਿਰ** ਦੇ ਤੀਜੇ ਦਿਨ ਕੱਲ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਲਕਾ ਕੋਟਕਪੂਰਾ ਦੇ ਪਿੰਡ ਮਿਸ਼ਰੀਵਾਲਾ, ਮੋਰਾਂਵਾਲੀ ਅਤੇ ਕਲੇਰ ਵਿਚ ਪਹੁੰਚ ਕੇ ਲੋਕਾਂ ਨੂੰ ਨਸ਼ਿਆਂ ਸਬੰਧੀ ਜਾਗਰੂਕ ਕੀਤਾ। ਪਿੰਡਾਂ ਵਿਚ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਸਹੁੰ ਚੁਕਵਾਉਣ ਤੋਂ ਬਾਅਦ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਨਸ਼ਿਆਂ ਦੇ ਸੌਦਾਗਰਾਂ ਖਿਲਾਫ਼ ਕਾਰਵਾਈ

ਕੀਤੀ ਜਾ ਰਹੀ ਏ ਅਤੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਗਏ ਘਰਾਂ ਨੂੰ ਤੋੜਿਆ ਜਾ ਰਿਹਾ ਏ।

-----------------------------------------------------

ਪੰਜਾਬ ਸਰਕਾਰ ਵੱਲੋਂ ਜਿਲ੍ਹਾ ਗੁਰਦਾਸਪੁਰ ਵਿਚ 2500 ਹੈਕਟੇਅਰ ਰਕਬਾ ਝੋਨੇ ਦੀ ਖੇਤੀ ਹੇਠੋਂ ਕਢ ਕੇ, ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ **ਪਾਇਲਟ ਪ੍ਰੋਜੈਕਟ** ਦੀ ਸ਼ੁਰੂਆਤ ਕੀਤੀ ਗਈ ਏ। ਜਿਲੇ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਮੁਤਾਬਕ ਜਿਹੜੇ ਕਿਸਾਨ ਝੋਨੇ ਦੀ ਖੇਤੀ ਕਰਨ ਦੀ ਬਜਾਏ , ਸਾਉਣੀ ਰੁੱਤ ਵਾਲੀ ਮੱਕੀ ਦੀ ਕਾਸ਼ਤ ਕਰਨਗੇ ,ਦੇ ਬੈਂਕ ਖਾਤਿਆਂ ਵਿਚ ਪ੍ਰਤੀ ਹੈਕਟੇਅਰ 17500/- ਰੁਪਏ ਭੇਜੇ ਜਾਣਗੇ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਘੱਟੋ-ਘੱਟ ਸਮਰਥਨ ਮੁੱਲ ਉੱਤੇ ਮੱਕੀ ਦੀ ਖ਼ਰੀਦ ਨੂੰ ਯਕੀਨੀ ਬਣਾਏਗੀ।

-----------------------------------------------------

ਮੁਹਾਲੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਆਉਂਦੀ 24 ਮਈ ਨੂੰ ਜ਼ਿਲ੍ਹਾ ਅਦਾਲਤ ਐੱਸਏਐੱਸ ਨਗਰ (ਮੁਹਾਲੀ) ਦੀਆਂ ਸਬ-ਡਵੀਜ਼ਨਲ ਅਦਾਲਤਾਂ ਡੇਰਾਬੱਸੀ ਤੇ ਖਰੜ ਵਿਚ ਕੌਮੀ ਲੋਕ ਅਦਾਲਤ ਲਗਾਈ

ਜਾਵੇਗੀ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੁਤਾਬਕ ਬੀਤੀ 10 ਮਈ ਨੂੰ ਸੁਣਵਾਈ ਲਈ ਨਿਰਧਾਰਤ ਕੀਤੇ ਗਏ ਕੇਸਾਂ ਦੀ ਸੁਣਵਾਈ ਵੀ 24 ਮਈ ਵਾਲੀ ਇਸੇ ਲੋਕ ਅਦਾਲਤ ਵਿਚ ਕੀਤੀ ਜਾਵੇਗੀ।

---------------------------------------------------

ਆਈਪੀਐੱਲ ਕ੍ਰਿਕੇਟ ਵਿਚ ਅੱਜ ਲਖਨਊ ਦੇ ਏਕਾਨਾ ਕ੍ਰਿਕੇਟ ਸਟੇਡੀਅਮ ਵਿਚ, ਮੇਜ਼ਬਾਨ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ। ਬੀਤੀ ਰਾਤ ਗੁਜਰਾਤ ਟਾਈਟਨਜ਼ ਨੇ ਦਿੱਲੀ ਕੈਪੀਟਲਜ਼ ਨੂੰ 10 ਵਿਕਟਾਂ ਨਾਲ ਅਤੇ ਪੰਜਾਬ ਕਿੰਗਜ਼ ਨੇ ਰਾਜਸਥਾਨ ਰਾਇਲਜ਼ ਨੂੰ 10 ਦੌੜਾਂ ਨਾਲ ਹਰਾ ਦਿੱਤਾ ਸੀ।